Dispatch No I/21294/2020

ਦਫ਼ਤਰ ਜ਼ਿਲ•ਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

- ਐਸ.ਡੀ.ਐਮ. ਵੱਲੋਂ ਲੋੜਵੰਦ ਔਰਤਾਂ ਨੂੰ ਮੁਹੱਈਆ ਕਰਵਾਏ 1400 ਸੈਨੇਟਰੀ ਪੈਡਜ਼

-ਔਰਤਾਂ ਦੀ ਸਿਹਤ ਸੁਰੱਖਿਆ ਲਈ ਵਿਸ਼ੇਸ਼ ਉਪਰਾਲਾ ਜੈਤੋਂ

ਫਰੀਦਕੋਟ , 30ਅਪ੍ਰੈਲ ( ) ਨੋਵਲ ਕੋਰੋਨਾ ਵਾਇਰਸ (ਕੋਵਿਡ-19) ਦੇ ਚੱਲਦਿਆਂ ਲੱਗੇ ਕਰਫਿਊ ਦੌਰਾਨ ਜ਼ਿਲ•ਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਜ਼ਰੂਰੀ ਵਸਤਾਂ ਘਰਾਂ ਵਿੱਚ ਹੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜ਼ਿਲ•ੇ ਨਾਲ ਸਬੰਧਤ ਵੱਖ ਵੱਖ ਸਵੈ ਸੇਵੀ ਸੰਸਥਾਵਾਂ ਵੱਲੋਂ ਵੀ ਆਪਣੇ ਪੱਧਰ ਤੇ ਵੱਖ ਵੱਖ ਕਾਰਜਾਂ ਵਿੱਚ ਲੋਕਾਂ ਦੀ ਇਸ ਮੁਸ਼ਕਲ ਘੜੀ ਵਿਚ ਮੱਦਦ ਕੀਤੀ ਜਾ ਰਹੀ ਹੈ ।ਇਹ ਜਾਣਕਾਰੀ ਐਸ ਡੀ ਐਮ ਜੈਤੋ ਮੈਡਮ ਮਨਦੀਪ ਕੌਰ ਨੇ ਦਿੱਤੀ ਅਤੇ ਜੈਤੋ ਦੀ ਰੇਗਰ ਬਸਤੀ ਸਮੇਤ ਵੱਖ ਵੱਖ ਇਲਾਕਿਆਂ ਵਿੱਚ ਔਰਤਾਂ ਨੂੰ ਸੈਨਟਰੀ ਪੈਡ ਵੰਡਣ ਅਤੇ ਨੋਬਲ ਕਰੋਨਾ ਸਬੰਧੀ ਜਾਗਰੂਕ ਕਰਨ ਲਈ ਮਾਸਕ ਅਤੇ ਪੈਂਫਲਿਟ ਵੀ ਵੰਡੇ।

ਉਨ•ਾਂ ਦੱਸਿਆ ਕਿ ਅੱਜ ਸਬ-ਡਵੀਜ਼ਨ ਜੈਤੋਂ ਦੇ ਵੱਖ-ਵੱਖ ਇਲਾਕਿਆਂ ਵਿੱਚ ਔਰਤਾਂ ਨੂੰ ਸੈਨੇਟਰੀ ਪੈਡਜ਼ ਮੁਹੱਈਆ ਕਰਵਾਏ ਗਏ ਹਨ। ਉਨ•ਾ ਦੱਸਿਆ ਕਿ ਉਨ•ਾਂ ਦੇ ਧਿਆਨ ਵਿੱਚ ਆਇਆ ਸੀ ਔਰਤਾਂ ਨੂੰ ਸੈਨੇਟਰੀ ਪੈਡਜ਼ ਦੀ ਕਾਫ਼ੀ ਕਿੱਲਤ ਮਹਿਸੂਸ ਹੋ ਰਹੀ ਹੈ ਅਤੇ ਕਰਫਿਊ ਦੌਰਾਨ ਉਹ ਘਰਾਂ ਤੋਂ ਬਾਹਰ ਵੀ ਨਹੀਂ ਨਿਕਲ ਪਾ ਰਹੀਆਂ। ਉਨ•ਾਂ ਦੱਸਿਆ ਕਿ ਉਹ ਖੁਦ ਔਰਤ ਹੋਣ ਦੇ ਨਾਤੇ ਔਰਤਾਂ ਦੀ ਸਮੱਸਿਆ ਨੂੰ ਸਮਝ ਸਕਦੇ ਹਨ ਇਸ ਲਈ ਉਹ ਇਹ ਸੈਨੇਟਰੀ ਪੈਡਜ਼ ਵੰਡ ਰਹੇ ਹਨ।ਇਸ ਤੋਂ ਪਹਿਲਾਂ ਵੀ ਸਬ ਡਵੀਜ਼ਨ ਵਿਚ ਲੋੜਵੰਦ ਔਰਤਾਂ ਨੂੰ 450 ਸੈਨੇਟਰੀ ਪੈਡਜ ਵੰਡੇ ਗਏ ਸਨ।

ਉਨ•ਾਂ ਦੱਸਿਆ ਕਿ ਅੱਜ ਕਰੀਬ 1400 ਸੈਨੇਟਰੀ ਪੈਡਜ਼ ਵੰਡੇ ਗਏ ਹਨ ਅਤੇ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ। ਉਨ•ਾਂ ਕਿਹਾ ਕਿ ਔਰਤਾਂ ਦੀ ਸਮੱਸਿਆ ਨੂੰ ਸਮਝਦੇ ਹੋਏ ਉਨ•ਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਇਹ ਉਪਰਾਲਾ ਕੀਤਾ ਹੈ। ਉਨ•ਾਂ ਦੱਸਿਆ ਕਿ ਉਹ ਇਸ ਸੰਕਟ ਦੀ ਘੜੀ ਵਿਚ ਹਰ ਸਮੇਂ ਔਰਤਾਂ ਦੇ ਨਾਲ ਖੜ•ੇ ਹਨ।ਇਸ ਮੌਕੇ ਔਰਤਾਂ ਨੂੰ ਨੋਵਲ ਕਰੋਨਾ ਬਿਮਾਰੀ ਦੀ ਰੋਕਥਾਮ ਅਤੇ ਆਲ਼ੇ ਦੁਆਲੇ ਦੀ ਸਾਫ਼ ਸਫ਼ਾਈ ਰੱਖਣ ਸਬੰਧੀ ਵੀ ਜਾਗਰੂਕ ਕੀਤਾ ਗਿਆ।ਉਨ•ਾਂ ਦੱਸਿਆ ਕਿ ਇਹ ਮਾਸਕ ਆਂਗਨਵਾੜੀ ਵਰਕਰਾਂ ਵੱਲੋਂ ਬਣਾਏ ਗਏ ਹਨ।

ਉਨ•ਾਂ ਦੱਸਿਆ ਕਿ ਇਸ ਕਾਰਜ ਵਿੱਚ ਸ੍ਰੀ ਰਾਜੀਵ ਸਿਕਰੀ ਸਮਸਤ ਸਾਂਈ ਪਰਿਵਾਰ ਅਤੇ ਰਾਕੇਸ਼ ਨਰੂਲਾ ਬਠਿੰਡਾ ਵਿਕਾਸ ਮੰਚ ਤੋਂ ਇਲਾਵਾ ਡਾ ਵੀਨਾ ਗਰਗ ਪ੍ਰਿੰਸੀਪਲ ਭਾਈ ਭਗਤੂਆਣਾ ਕਾਲਜ ਆਦਿ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਨਾਇਬ ਤਹਿਸੀਲਦਾਰ ਮੈਡਮ ਹੀਰਾ ਵੰਤੀ,ਮਿਸ ਨੀਰੂ ਗਰਗ ਬੀਡੀਪੀਓ ਜੈਤੋ, ਵੀ ਹਾਜ਼ਰ ਸਨ।

Dispatch No. *I/21325/2020*
ਜ਼ਿਲ•ਾ ਲੋਕ ਸੰਪਰਕ ਅਫਸਰ, ਫਰੀਦਕੋਟ

ਐਨ ਐਲ ਐਲ ਐਮ ਸਕੀਮ ਤਹਿਤ ਕੋਟਕਪੂਰਾ ਬਲਾਕ ਵਿਚ 5100 ਮਾਸਕ ਵੰਡੇ ਜਾਣਗੇ: ਬੰਗੀ

ਫਰੀਦਕੋਟ 30 ਅਪ੍ਰੈਲ,2020 ( ) ਵਧੀਕ ਡਿਪਟੀ ਕਮਿਸ਼ਨਰ (ਵਿ), ਫਰੀਦਕੋਟ ਸ੍ਰੀ ਪ੍ਰੀਤਮਹਿੰਦਰ ਸਿੰਘ ਸਹੋਤਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫਰੀਦਕੋਟ ਜਿਲੇ ਵਿੱਚ ਐਨ.ਆਰ.ਐਲ.ਐਮ ਸਕੀਮ ਤਹਿਤ ਸੈਲਫ ਹੈਲਪ ਗਰੁੱਪ ਦੀਆਂ ਔਰਤਾਂ ਕੋਲੋਂ ਵੱਡੀ ਸੰਖਿਆ ਵਿੱਚ ਮਾਸਕ ਤਿਆਰ ਕਰਵਾਏ ਜਾ ਰਹੇ ਹਨ ਤਾਂ ਜੋ ਆਮ ਲੋਕਾਂ ਨੂੰ ਮਾਸਕ ਦੀ ਸਹੂਲਤ ਮਿਲ ਸਕੇ। ਸ੍ਰੀ ਬਲਜਿੰਦਰ ਸਿੰਘ ਬਾਜਵਾ, ਜਿਲਾ ਇੰਚਾਰਜ ਐਨ.ਆਰ.ਐਲ.ਐਮ, ਗੁਰਪ੍ਰੀਤ ਸਿੰਘ, ਬੀ.ਪੀ.ਐਮ ਅਤੇ ਹਰਸਹਾਏ ਸਿੰਘ, ਐਮ.ਆਈ.ਐਸ ਵੱਲੋਂ ਸ੍ਰੀ ਹਰਮੇਲ ਸਿੰਘ ਬੰਗੀ, ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਬਲਾਕ ਕੋਟਕਪੂਰਾ ਨੂੰ 5100 ਮਾਸਕ ਦਿੱਤੇ ਗਏ।

ਇਸ ਸਮੇਂ ਸ੍ਰੀ ਹਰਮੇਲ ਸਿੰਘ ਬੰਗੀ ਨੇ ਦੱਸਿਆ ਕਿ ਲੋਕਾਂ ਦੀ ਸਹੂਲਤ ਨੂੰ ਦੇਖਦੇ ਹੋਏ ਸੈਲਫ ਹੈਲਪ ਗਰੁੱਪਾਂ ਕੋਲੋਂ ਮਾਸਕ ਤਿਆਰ ਕਰਵਾਏ ਜਾ ਰਹੇ ਹਨ, ਜਿਸ ਨੂੰ ਧੋ ਕੇ ਦੁਬਾਰਾ ਵਰਤੋਂ ਵਿੱਚ ਲਿਆਂਦਾ ਜਾ ਸਕਦਾ ਹੈ। ਉਹਨਾ ਦੱਸਿਆ ਕਿ ਸੈਲਫ ਹੈਲਪ ਗਰੁੱਪ ਮੈਂਬਰਾਂ ਵੱਲੋਂ ਐਨ.ਆਰ.ਐਲ.ਐਮ ਮਿਸ਼ਨ ਤਹਿਤ ਮਾਸਕ ਤਿਆਰ ਕਰਨ ਦਾ ਯੋਗਦਾਨ ਪਾਇਆ ਜਾ ਰਿਹਾ ਹੈ। ਇਹ ਮਾਸਕ ਬਲਾਕ ਕੋਟਕਪੂਰਾ ਵਿੱਚ,ਪਿੰਡਾਂ ਵਿੱਚ ਪੰਚਾਂ, ਸਰਪੰਚਾਂ ਦੁਆਰਾ ਨਾਗਰਿਕਾਂ ਵਿੱਚ ਵੰਡੇ ਜਾਣਗੇ। ਇਸ ਸਮੇਂ ਉਹਨਾ ਅਪੀਲ ਕੀਤੀ ਕਿ ਪੰਜਾਬ ਸਰਕਾਰ ਦੁਆਰਾ ਜਾਰੀ ਕੀਤੀ ਗਈਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ। ਇਸ ਮੋਕੇ ਅਜੀਤ ਸਿੰਘ ਸੁਪਰਡੈਂਟ, ਸੁਖਮੰਦਰ ਸਿੰਘ, ਧਰਮਜੀਤ ਸਿੰਘ, ਰਕੇਸ਼ ਕੁਮਾਰ, ਗੁਰਮੇਲ ਸਿੰਘ ਅਤੇ ਮਨਪ੍ਰੀਤ ਸਿੰਘ, ਇਹ ਸਾਰੇ ਕਰਮਚਾਰੀ ਹਾਜਰ ਸਨ।

**Dispatch No. :** I/21330/2020

ਫਰੀਦਕੋਟ ਜਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਜਿਲ੍ਹਾ ਮੈਜਿਸਟੇਟ ਵੱਲੋਂ ਸ਼ਰਾਬ ਦੇ ਠੇਕਿਆਂ ਦੇ ਸਟਾਕ ਦੀ ਗਿਣਤੀ ਲਈ ਮਿਤੀ 01-05-2020 ਤੋਂ 06-05-2020 ਤੱਕ ਪ੍ਰਵਾਨਗੀ

ਸ਼ਰਾਬ ਦੇ ਸਟਾਕ ਦੀ ਗਿਣਤੀ ਸਮੇਂ ਠੇਕਿਆਂ ਦੇ ਸ਼ਟਰ ਬੰਦ ਰੱਖੇ ਜਾਣਗੇ।

ਸਰਕਾਰੀ ਹਦਾਇਤਾਂ ਦੀ ਪਾਲਣਾ ਦੇ ਆਦੇਸ਼

ਫਰੀਦਕੋਟ 30 ਅਪ੍ਰੈਲ 2020 ( ) ਜ਼ਿਲ੍ਹਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਫ਼ਰੀਦਕੋਟ ਜ਼ਿਲ੍ਹੇ ਵਿੱਚ ਕਰੋਨਾ ਮਹਾਮਾਰੀ ਦੀ ਰੋਕਥਾਮ ਲਈ ਮਿਤੀ 23.03. 2020 ਤੋਂ ਕਰਫ਼ਿਊ ਲਗਾਇਆ ਗਿਆ ਸੀ। ਉਸੇ ਦੀ ਲਗਾਤਾਰਤਾ ਵਿਚ ਜਿਲਾ ਫਰੀਦਕੋਟ ਅਧੀਨ ਆਬਕਾਰੀ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਠੇਕਿਆਂ ਤੇ ਪਏ ਸਾਲ 2019-2020 ਦੇ ਸ਼ਰਾਬ ਦੇ ਸਟਾਕ ਦੀ ਗਿਣਤੀ ਮੰਗਣ ਕਾਰਣ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਮਿਤੀ 01-05-2020 ਤੋਂ 06-05-2020 ਤੱਕ ਠੇਕੇ ਖੁਲ੍ਹਵਾ ਕੇ ਜ਼ੋਨ ਵਾਈਜ਼ ਸ਼ਰਾਬ ਦੇ ਸਟਾਕ ਦੀ ਗਿਣਤੀ ਦੀ ਇਜਾਜ਼ਤ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਮਿਤੀ 01-05-2020 ਨੂੰ ਫਰੀਦਕੋਟ ਜ਼ੋਨ-2 ਅਤੇ ਕੋਟਕਪੂਰਾ ਜ਼ੋਨ-4, ਮਿਤੀ 02-05-2020 ਨੂੰ ਫਰੀਦਕੋਟ ਜ਼ੋਨ-3 ਅਤੇ ਕੋਟਕਪੂਰਾ ਜ਼ੋਨ-5, ਮਿਤੀ 03-05-2020 ਨੂੰ ਫਰੀਦਕੋਟ ਜ਼ੋਨ-5 ਅਤੇ ਕੋਟਕਪੂਰਾ ਜ਼ੋਨ-6, ਮਿਤੀ 04-05-2020 ਨੂੰ ਫਰੀਦਕੋਟ ਜ਼ੋਨ-6 ਅਤੇ ਕੋਟਕਪੂਜ਼ੋਨ ਜ਼ੋਨ-7, ਮਿਤੀ 05-05-2020 ਨੂੰ ਫਰੀਦਕੋਟ ਜ਼ੋਨ-7 ਅਤੇ ਮਿਤੀ 06-05-2020 ਨੂੰ ਜੈਤੋਂ ਜ਼ੋਨ-2 ਅਤੇ 3 ਤੱਕ ਸਟਾਕ ਦੀ ਗਿਣਤੀ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਸ਼ਰਾਬ ਦੇ ਸਟਾਕ ਦੀ ਗਿਣਤੀ ਕਰਨ ਸਮੇਂ ਠੇਕਿਆਂ ਦੇ ਸ਼ਟਰ ਬੰਦ ਰੱਖੇ ਜਾਣਗੇ।

ਜਿਲਾ ਮੈਜਿਸਟਰੇਟ ਨੇ ਕਿਹਾ ਕਿ ਸ਼ਰਾਬ ਦੀ ਗਿਣਤੀ ਸਮੇਂ ਠੇਕੇਦਾਰ/ਲੇਬਰ ਭਾਰਤ ਸਰਕਾਰ / ਪੰਜਾਬ ਸਰਕਾਰ / ਨਿਮਨਹਸਤਾਖਰ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਗਾਈਡਲਾਈਨਜ਼ ਦੀ ਇੰਨ - ਬਿੰਨ ਪਾਲਣਾ ਯਕੀਨੀ ਬਨਾਉਣਗੇ। ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸਮਾਜਿਕ ਦੂਰੀ ( 1 . 5 ਤੋਂ 2 ਮੀਟਰ ) ਬਣਾਈ ਰੱਖਣੀ ਵੀ ਯਕੀਨੀ ਬਣਾਈ ਜਾਵੇ। ਸਟਾਕ/ਸ਼ਰਾਬ ਦੀ ਗਿਣਤੀ ਕਰਦੇ ਸਮੇਂ ਆਸ ਪਾਸ ਜਿਆਦਾ ਵਿਅਕਤੀ ਇਕੱਠੇ ਨਾ ਹੋਣ। ਗਿਣਤੀ ਦੌਰਾਨ ਕਿਸੇ ਵਿਅਕਤੀ ਨੂੰ ਸ਼ਰਾਬ ਸਪਲਾਈ ਕਰਨ ਜਾਂ ਹਦਾਇਤਾਂ ਦੀ ਉਲੰਘਣੀ ਦੀ ਕੋਈ ਸ਼ਿਕਾਇਤ ਪ੍ਰਾਪਤ ਹੋਣ ਤੇ ਦਿੱਤੀ ਗਈ ਪ੍ਰਵਾਨਗੀ ਬਿਨ੍ਹਾਂ ਕਿਸੇ ਅਗਾਊਂ ਨੋਟਿਸ ਦੇ ਰੱਦ ਕਰ ਦਿੱਤੀ ਜਾਵੇਗੀ ਅਤੇ ਦੋਸ਼ੀ ਕਰਮਚਾਰੀ/ਅਧਿਕਾਰੀ ਜਾਂ ਵਿਅਕਤੀ ਵਿਰੁੱਧ ਕਾਨੂੰਨ ਦੀਆਂ ਸਬੰਧਤ ਧਰਾਵਾਂ ਤਹਿਤ ਕਾਰਵਾਈ ਕੀਤੀ ਜਾਵੇਗੀ।

Dispatch No

I/21297/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

-ਜਿਲ੍ਹੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 388228 ਮੀਟਰਕ ਟਨ ਕਣਕ ਦੀ ਆਮਦ ਹੋਈ
- ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 388228 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ- ਡਿਪਟੀ ਕਮਿਸ਼ਨਰ
-ਅੱਜ ਤੱਕ 43625 ਕਿਸਾਨਾਂ ਨੂੰ ਪਾਸ ਜਾਰੀ

ਫਰੀਦਕੋਟ 30 ਅਪ੍ਰੈਲ ( ) ਕੋਵਿਡ-19 ਮਹਾਂਮਾਰੀ ਦੀ ਰੋਕਥਾਮ ਲਈ ਲਗਾਏ ਗਏ ਕਰਫਿਊ ਦੇ ਚਲਦਿਆਂ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਲਈ ਅਤੇ ਮਹਾਂਮਾਰੀ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਜਾਰੀ ਕੀਤੇ ਜਾਂਦੇ ਪਾਸਾਂ ਰਾਹੀਂ ਜ਼ਿਲ੍ਹੇ ਦੇ ਖਰੀਦ ਕੇਂਦਰਾਂ ਵਿਚ ਕਣਕ ਦੀ ਆਮਦ, ਖਰੀਦ ਅਤੇ ਲਿਫਟਿੰਗ ਲਗਾਤਾਰ ਜਾਰੀ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦਿੱਤੀ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵਾਰੀ ਅਤੇ ਪਾਸ ਦੀ ਤਰੀਕ ਅਨੁਸਾਰ ਹੀ ਫਸਲ ਸਬੰਧਿਤ ਮੰਡੀ ਵਿਜ ਲੈ ਕੇ ਆਉਣ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਕਣਕ ਦੀ ਸਾਫ ਸਫਾਈ ਤੋਲ, ਲਿਫਟਿੰਗ ਆਦਿ ਕੰਮਾਂ ਸਮੇਂ ਸਮਾਜਿਕ ਦੂਰੀ ਦਾ ਵਿਸੇਸ਼ ਖਿਆਲ ਰੱਖਿਆ ਜਾਵੇ ਅਤੇ ਹਰ ਸਮੇਂ ਮਾਸਕ ਪਹਿਨਿਆ ਜਾਵੇ। ਇਸ ਮੌਕੇ ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 388228 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 381504 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 122360 ਮੀਟਰਕ ਟਨ, ਮਾਰਕਫੈੱਡ ਵੱਲੋਂ 193984 ਮੀਟਰਕ ਟਨ,ਪਨਸਪ ਵੱਲੋਂ 82565 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 54225 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 28370 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ 217272ਮੀਟ੍ਰਿਕ ਟਨ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਅੱਜ ਤੱਕ 43625 ਕਿਸਾਨਾਂ ਨੂੰ ਮੰਡੀਆਂ ਵਿਚ ਫਸਲ ਲਿਆਉਣ ਲਈ ਐਂਟਰੀਪਾਸ ਜਾਰੀ ਕੀਤੇ ਜਾ ਚੁੱਕੇ ਹਨ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

- ਹਜ਼ੂਰ ਸਾਹਿਬ ਤੋਂ ਆਈ ਸੰਗਤ ਅਤੇ ਰਾਜਸਥਾਨ, ਹਰਿਆਣਾ, ਮੱਧ ਪ੍ਰਦੇਸ਼ ਆਦਿ ਸੂਬਿਆਂ ਤੋਂ ਆਏ ਲੋਕਾਂ ਨੂੰ ਇਕਾਂਤਵਾਸ ਕੀਤਾ ਗਿਆ- ਡਿਪਟੀ ਕਮਿਸ਼ਨਰ
- ਸਿਹਤ ਵਿਭਾਗ ਵੱਲੋਂ ਦੂਜੇ ਰਾਜਾਂ ਤੋਂ ਆਉਣ ਵਾਲਿਆਂ ਦੀ ਕੀਤੀ ਜਾ ਰਹੀ ਹੈ ਸੈਪਲਿੰਗ ਅਤੇ ਟੈਸਟਿੰਗ
- ਜ਼ਿਲ੍ਹੇ ਵਿਚ 121 ਯਾਤਰੀ ਹਜ਼ੂਰ ਸਾਹਿਬ,644 ਹੋਰ ਲੋਕ ਵੱਖ ਵੱਖ ਸੂਬਿਆਂ ਤੋਂ ਵਾਪਸ ਪਰਤੇ

ਫਰੀਦਕੋਟ 30 ਅਪ੍ਰੈਲ ( ) ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀਆਂ ਕੋਸ਼ਿਸ਼ਾਂ ਸਦਕਾ ਸ੍ਰੀ ਹਜ਼ੂਰ ਸਾਹਿਬ ਨਾਦੇੜ(ਮਹਾਰਾਸ਼ਟਰ) ਵਿਖੇ ਫਸੇ ਜ਼ਿਲ੍ਹੇ ਦੇ 121 ਯਾਤਰੀ ਸਰਕਾਰੀ ਬੱਸਾਂ ਜਾਂ ਆਪਣੇ ਸਾਧਨਾਂ ਰਾਹੀਂ ਫਰੀਦਕੋਟ ਪੁੱਜ ਚੁੱਕੇ ਹਨ।ਜਿਨ੍ਹਾਂ ਨੂੰ ਫਰੀਦਕੋਟ,ਕੋਟਕਪੂਰਾ ਅਤੇ ਜੈਤੋ ਵਿਖੇ ਇਕਾਂਤਵਾਸ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਉਪਰੋਕਤ ਸਾਰੇ ਯਾਤਰੀਆਂ ਦੇ ਸੈਂਪਲ ਲਏ ਜਾ ਰਹੇ ਹਨ ਅਤੇ ਉਨ੍ਹਾਂ ਦੀ ਟੈਸਟਿੰਗ ਵੀ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਕੁਮਾਰ ਸੌਰਭ ਰਾਜ ਨੇ ਅੱਗੇ ਦੱਸਿਆ ਕਿ ਰਾਜਸਥਾਨ,ਹਰਿਆਣਾ, ਮੱਧ ਪ੍ਰਦੇਸ਼ ਸਮੇਤ ਹੋਰ ਕਈ ਸੂਬਿਆਂ ਤੋਂ ਵੀ ਲੇਬਰ,ਕੰਬਾਈਨਾਂ ਵਾਲੇ ਜਾਂ ਹੋਰ ਲੋਕ ਜਿਨ੍ਹਾਂ ਦੀ ਗਿਣਤੀ 644 ਹੈ ਉਹ ਵੀ ਪੰਜਾਬ ਸਰਕਾਰ ਦੀਆਂ ਬੱਸਾਂ ਜਾਂ ਆਪਣੇ ਸਾਧਨਾਂ ਰਾਹੀਂ ਜਿਲ੍ਹੇ ਵਿਚ ਪਹੁੰਚ ਚੁੱਕੇ ਹਨ ਅਤੇ ਇਨ੍ਹਾਂ ਨੂੰ ਵੀ ਜ਼ਿਲ੍ਹੇ ਵਿਚ ਸਥਾਪਿਤ ਵੱਖ ਵੱਖ ਇਕਾਂਤਵਾਸ ਕੇਂਦਰਾਂ ਵਿਚ ਰੱਖ ਕੇ ਇਨ੍ਹਾਂ ਦੀ ਸੈਪਲਿੰਗ, ਟੈਸਟਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹਜ਼ੂਰ ਸਾਹਿਬ ਤੋਂ ਪਰਤਣ ਵਾਲੇ 42 ਯਾਤਰੀਆਂ ਨੂੰ ਦਿੱਲੀ ਇੰਟਰਨੈਸ਼ਨਲ ਸਕੂਲ ਫਰੀਦਕੋਟ ਵਿਖੇ ਇਕਾਂਤਵਾਸ ਕੀਤਾ ਗਿਆ ਹੈ। ਇਸੇ ਤਰ੍ਹਾਂ 44 ਯਾਤਰੀ ਸਰਕਾਰੀ ਪੋਲੀਟੈਕਨੀਕਲ ਕਾਲਜ ਕੋਟਕਪੂਰਾ ਅਤੇ 18 ਯਾਤਰੀ ਸਰਕਾਰੀ ਸਕੂਲ ਸੰਧਵਾਂ ਵਿਖੇ ਇਕਾਂਤਵਾਸ ਕੀਤੇ ਗਏ ਹਨ। ਇਸੇ ਤਰ੍ਹਾਂ ਸੀ ਐਚ ਸੀ ਜੈਤੋ ਵਿਖੇ 17 ਯਾਤਰੀ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਦੂਜੇ ਸੂਬਿਆਂ ਵਿਚੋਂ ਆਉਣ ਵਾਲੀ ਲੇਬਰ ਤੇ ਹੋਰ ਲੋਕਾਂ ਨੂੰ ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਵਿਖੇ ਵੱਖ ਵੱਖ ਇਕਾਂਤਵਾਸ ਕੇਂਦਰਾਂ ਵਿਚ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਪਰੋਕਤ ਦੂਜੇ ਰਾਜਾਂ ਤੋਂ ਆਉਣ ਵਾਲੇ ਸਾਰੇ ਲੋਕਾਂ ਲਈ ਇਨ੍ਹਾਂ ਇਕਾਂਤਵਾਸ ਕੇਂਦਰਾਂ ਵਿਚ ਖਾਣੇ,ਰਹਿਣ ਸਹਿਣ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ ਹੈ ਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਇਹ ਵੀ ਦੱਸਿਆ ਕਿ ਪਿੰਡ ਸੰਧਵਾ ਨਾਲ ਸਬੰਧਤ ਹਜ਼ੂਰ ਸਾਹਿਬ ਤੋਂ ਆਪਣੇ ਸਾਧਨਾਂ ਰਾਹੀਂ ਆਏ ਵਿਅਕਤੀਆਂ ਵਿਚੋਂ 3 ਦੀ ਰਿਪੋਰਟ ਕਰੋਨਾ ਪਾਜਿਟਿਵ ਆਈ ਹੈ ਜਿਨ੍ਹਾਂ ਦਾ ਇਥੋ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਇਲਾਜ ਚੱਲ ਰਿਹਾ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਲੋਕਾਂ ਨੂੰ ਸਰਕਾਰ ਦੀਆਂ ਹਦਾਇਤਾਂ ਅਨੁਸਾਰ 21 ਦਿਨ ਇਕਾਂਤਵਾਸ ਵਿਚ ਰੱਖਿਆ ਜਾਵੇਗਾ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਹਦਾਇਤਾਂ ਅਤੇ ਕਰਫਿਊ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਘਰਾਂ ਵਿਚ ਰਹਿਣ ਤਾਂ ਜੋ ਇਸ ਬਿਮਾਰੀ ਨੂੰ ਅੱਗੇ ਵੱਧਣ ਤੋਂ ਰੋਕਿਆ ਜਾ ਸਕੇ।